ਪੰਜਾਬ ਸਰਕਾਰ

ਸਿੱਖਿਆ ਵਿਭਾਗ

ਸੇਵਾ ਵਿਖੇ,

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ),
ਪੰਜਾਬ।

ਮੀਮੋ ਨੰ.206334/DPISE-CORD0CIRC/48/2021 247345

ਮਿਤੀ. 22-07-2021

ਵਿਸ਼ਾ:- ਪੰਜਾਬ ਪੁਲਿਸ ਵਿੱਚ ਭਰਤੀ ਪ੍ਰੀਖਿਆ ਦੇ ਮੰਤਵ ਲਈ ਸਰਕਾਰੀ ਅਤੇ ਨਿੱਜੀ ਡਿਗਰੀ ਕਾਲਜਾਂ, ਬਹੁ-ਤਕਨੀਕੀ ਕਾਲਜਾਂ, ਤਕਨੀਕੀ ਸਿੱਖਿਆ ਸੰਸਥਾਵਾਂ,ਇੰਜੀਨੀਅਰਿੰਗ ਕਾਲਜਾਂ, ਆਈ.ਟੀ.ਆਈ ਅਤੇ ਸਰਕਾਰੀ/ਨਿੱਜੀ ਸਕੂਲਾਂ ਦੀਆਂ ਇਮਾਰਤਾਂ ਮੁਹੱਈਆ ਕਰਵਾਉਣ ਸਬੰਧੀ।

1. ਉਪਰੋਕਤ ਵਿਸ਼ੇ ਸਬੰਧੀ ਪੰਜਾਬ ਸਰਕਾਰ, ਆਮ ਰਾਜ ਪ੍ਰਬੰਧ ਵਿਭਾਗ (ਆਮ ਤਾਲਮੇਲ ਸ਼ਾਖਾ) ਤੋਂ ਪ੍ਰਾਪਤ ਪੱਤਰ ਨੰ.GAD-CORD0MISC/60/2020-GC2/I/204057/2021 ਮਿਤੀ 30.06.2021 ਦੀ ਕਾਪੀ ਨਾਲ ਨੱਥੀ ਕੀਤੀ ਜਾਂਦੀ ਹੈ।

2. ਉਪਰੋਕਤ ਵਿਸ਼ੇ ਸਬੰਧੀ ਹੋਣ ਵਾਲੀ ਪ੍ਰੀਖਿਆ ਨੂੰ ਮੁਕੰਮਲ ਕਰਵਾਉਣ ਲਈ ਪੂਰਨ ਸਹਿਯੋਗ ਦਿੱਤਾ ਜਾਵੇ।

22.07.2021

(ਜਸਕੀਰਤ ਕੌਰ)
ਸਹਾਇਕ ਡਾਇਰੈਕਟਰ(ਕੋਆਰਡੀਨੇਸ਼ਨ)

ਪਿੱਠ ਅੰਕਣ ਨੰ.ਉਕਤ/ ਮਿਤੀ.

ਉਪਰੋਕਤ ਦਾ ਉਤਾਰਾ ਸੁਪਰਡੰਟ, ਆਮ ਤਾਲਮੇਲ ਸ਼ਾਖਾ, ਆਮ ਰਾਜ ਪ੍ਰਬੰਧ ਵਿਭਾਗ, ਪੰਜਾਬ ਸਿਵਲ ਸਕੱਤਰੇਤ-1, ਚੰਡੀਗੜ੍ਹ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

-ਸਹੀ-

(ਜਸਕੀਰਤ ਕੌਰ)
ਸਹਾਇਕ ਡਾਇਰੈਕਟਰ(ਕੋਆਰਡੀਨੇਸ਼ਨ)

753-10
19/07/2021

ਪੰਜਾਬ ਸਰਕਾਰ

ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ

(ਗ੍ਰਹਿ-5 ਸ਼ਾਖਾ)

ਸੇਵਾ ਵਿਖੇ

ਡਾਇਰੈਕਟਰ ਜਨਰਲ ਆਫ ਪੁਲਿਸ,

ਪੰਜਾਬ, ਚੰਡੀਗੜ੍ਹ।

ਮੀਮੋ ਨੰ:16/34/2021-4ਗ5/2680.

ਮਿਤੀ: 15-07-2021

ਵਿਸ਼ਾ:- ਪੰਜਾਬ ਪੁਲਿਸ ਵਿੱਚ ਭਰਤੀ ਪ੍ਰੀਖਿਆ ਦੇ ਮੰਤਵ ਲਈ ਸਰਕਾਰੀ ਤੇ ਨਿੱਜੀ ਡਿਗਰੀ ਕਾਲਜਾਂ, ਤਕਨੀਕੀ ਸਿੱਖਿਆ ਸੰਸਥਾਵਾਂ, ਇੰਜੀਨੀਅਰਿੰਗ ਕਾਲਜਾਂ, ਬਹੁ-ਤਕਨੀਕੀ ਕਾਲਜਾਂ, ਆਈ.ਟੀ.ਆਈ. ਅਤੇ ਸਰਕਾਰੀ/ਨਿੱਜੀ ਸਕੂਲਾਂ ਦੀਆਂ ਇਮਾਰਤਾਂ ਮੁਹੱਈਆ ਕਰਵਾਉਣ ਦੇ ਸਬੰਧੀ।

****

ਉਪਰਕੋਤ ਵਿਸ਼ੇ ਦੇ ਸਬੰਧ ਵਿੱਚ।

2. ਆਮ ਤਾਲਮੇਲ ਸ਼ਾਖਾ, ਆਮ ਰਾਜ ਪ੍ਰਬੰਧ ਵਿਭਾਗ ਵੱਲੋਂ ਪ੍ਰਮੁੱਖ ਸਕੱਤਰ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਪ੍ਰਮੁੱਖ ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਵਿਭਾਗ ਅਤੇ ਸਕੱਤਰ, ਸਕੂਲ ਸਿੱਖਿਆ ਵਿਭਾਗ ਨੂੰ ਲਿਖਿਆ ਗਿਆ ਹੈ ਕਿ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਪੰਜਾਬ ਵੱਲੋਂ ਪੰਜਾਬ ਪੁਲਿਸ ਵਿੱਚ ਲਗਭਗ 10387 ਪੋਸਟਾਂ ਦੀ ਭਰਤੀ ਲਈ 25-26 ਸਤੰਬਰ 2021 ਨੂੰ ਲਿਖਤੀ ਪ੍ਰੀਖਿਆ ਕਰਵਾਉਣ ਦਾ ਪ੍ਰੋਗਰਾਮ ਹੈ, ਜਿਸ ਵਿੱਚ ਲਗਭਗ 8 ਲੱਖ ਉਮੀਦਵਾਰਾਂ ਦੇ ਭਾਗ ਲੈਣ ਦੀ ਉਮੀਦ ਹੈ। ਕੋਵਿਡ ਮਹਾਂਮਾਰੀ ਦੇ ਮੱਦੇਨਜਰ ਸਮਾਜਿਕ ਦੂਰੀ ਬਣਾਏ ਰੱਖਣ ਲਈ ਸਾਰੇ ਜਿਲ੍ਹਿਆਂ ਵਿੱਚ ਪ੍ਰੀਖਿਆ ਕੇਂਦਰ ਬਣਾਉਣ ਵਾਸਤੇ ਬਹੁਤ ਸਾਰੀਆਂ ਇਮਾਰਤਾਂ ਦੀ ਜਰੂਰਤ ਹੈ। ਪੰਜਾਬ ਰਾਜ ਅੰਦਰ ਵਿੱਦਿਅਕ ਸੰਸਥਾਵਾਂ, ਸਰਕਾਰੀ ਅਤੇ ਨਿੱਜੀ ਡਿਗਰੀ ਕਾਲਜਾਂ, ਤਕਨੀਕੀ ਸਿੱਖਿਆ ਸੰਸਥਾਵਾਂ, ਇੰਜੀਨੀਅਰਿੰਗ ਕਾਲਜਾਂ, ਬਹੁ-ਤਕਨੀਕੀ ਕਾਲਜਾਂ, ਆਈ.ਟੀ.ਆਈ. ਅਤੇ ਸਰਕਾਰੀ/ਨਿੱਜੀ ਸਕੂਲਾਂ ਦੀਆਂ ਬਹੁਤ ਸਾਰੀਆਂ ਇਮਾਰਤਾਂ ਉਪਲੱਬਧ ਹਨ। ਇਸ ਦੇ ਮੱਦੇਨਜ਼ਰ ਆਪਣੇ ਵਿਭਾਗਾਂ ਦੇ ਅਧੀਨ ਆਉਂਦੇ ਸਮੂਹ ਸਰਕਾਰੀ ਅਤੇ ਨਿੱਜੀ ਵਿੱਦਿਅਕ ਅਦਾਰਿਆਂ/ਸਕੂਲਾਂ ਦੀਆਂ ਇਮਾਰਤਾਂ ਅਤੇ ਬੁਨਿਆਦੀ ਢਾਂਚੇ ਨੂੰ ਮਿਤੀ 18.09.2021 ਤੋਂ 27.09.2021 ਤੱਕ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਨੂੰ ਮੁਹੱਈਆ ਕਰਵਾਉਣ ਲਈ ਯੋਗ ਹਦਾਇਤਾਂ ਜਾਰੀ ਕਰਨ ਦੀ ਕ੍ਰਿਪਾਲਤਾ ਕੀਤੀ ਜਾਵੇ।

3. ਪ੍ਰਾਪਤ ਪੱਤਰ ਦੀ ਕਾਪੀ ਆਪ ਨੂੰ ਤੁਰੰਤ ਲੋੜੀਂਦੀ ਕਾਰਵਾਈ ਹਿੱਤ ਭੇਜੀ ਜਾਂਦੀ ਹੈ।

ਸੁਪਰਡੰਟ

ਉਤਾਰਾ ਪ੍ਰਮੁੱਖ ਸਕੱਤਰ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਪ੍ਰਮੁੱਖ ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਵਿਭਾਗ ਅਤੇ ਸਕੱਤਰ, ਸਕੂਲ ਸਿੱਖਿਆ ਵਿਭਾਗ ਜੀ ਨੂੰ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਉਕਤ ਸਬੰਧੀ ਯੋਗ ਹਦਾਇਤਾਂ ਕਰਨ ਦੀ ਖੇਚਲ ਕੀਤੀ ਜਾਵੇ ਜੀ।

ਸੁਪਰਡੰਟ

ਸੇਵਾ ਵਿਖੇ ,